# ਵਾਤਾਵਰਣ ਨੂੰ ਹਰਾ-ਭਰਾ, ਸਾਫ਼ ਸੁਥਰਾ ਅਤੇ ਪ੍ਰਦੂਸ਼ਣ ਮੁਕਤ ਰੱਖਣ ਲਈ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ-ਡਾ: ਹਰਜੋਤ ਕਮਲ

- **'ਵਿਸ਼ਵ ਵਾਤਾਵਰਣ ਦਿਵਸ' ਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੀ ਹਦੂਦ ਅੰਦਰ ਲਗਾਏ ਗਏ ਇੱਕ ਸੌ ਤੋਂ ਵਧੇਰੇ ਰੁੱਖ**
- **ਡਿਪਟੀ ਕਮਿਸ਼ਨਰ ਨੇ ਕ੍ਰਮਚਾਰੀਆਂ ਨੂੰ ਪੌਦੇ ਲਗਾ ਕੇ ਉਨ੍ਹਾਂ ਦੀ ਸਾਂਭ-ਸੰਭਾਲ ਕਰਨ ਲਈ ਕੀਤਾ ਪ੍ਰੇਰਿਤ**
- **ਕ੍ਰਮਚਾਰੀਆਂ ਨੂੰ ਵਾਤਾਵਰਣ ਦੀ ਸਾਂਭ-ਸੰਭਾਲ ਹਿਤ ਹਰ ਸੰਭਵ ਯਤਨ ਕਰਨ ਲਈ ਦਿਵਾਇਆ ਗਿਆ ਪ੍ਰਣ, ਹਸਤਾਖਰ ਮੁਹਿੰਮ ਦੀ ਵੀ ਕੀਤੀ ਸ਼ੁਰੂਆਤ**

ਮੋਗਾ 5 ਜੂਨ:

ਵਾਤਾਵਰਣ ਨੂੰ ਹਰਾ-ਭਰਾ, ਸਾਫ਼ ਸੁਥਰਾ ਅਤੇ ਪ੍ਰਦੂਸ਼ਣ ਮੁਕਤ ਰੱਖਣ ਲਈ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ, ਤਾਂ ਜੋ ਅਸੀਂ ਆਉਣ ਵਾਲੀਆਂ ਨਸਲਾਂ ਨੂੰ ਸਵੱਛ ਵਾਤਾਵਰਣ ਮੁਹੱਈਆ ਕਰਵਾ ਸਕੀਏ।

ਇਹ ਪ੍ਰਗਟਾਵਾ ਵਿਧਾਇਕ ਮੋਗਾ ਡਾ: ਹਰਜੋਤ ਕਮਲ ਨੇ ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਹੰਸ ਅਤੇ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀਮਤੀ ਅਨੀਤਾ ਦਰਸ਼ੀ ਸਮੇਤ 'ਵਿਸ਼ਵ ਵਾਤਾਵਰਣ ਦਿਵਸ ' ਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੀ ਹਦੂਦ ਅੰਦਰ ਇੱਕ ਸੌ ਤੋਂ ਵਧੇਰੇ ਰੁੱਖ ਲਗਾਉਣ ਸਮੇਂ ਕੀਤਾ। ਇਸ ਮੌਕੇ ਸਹਾਇਕ ਕਮਿਸ਼ਨਰ (ਜ) ਸ੍ਰੀ ਲਾਲ ਵਿਸਵਾਸ਼ ਬੈਂਸ ਵੀ ਮੌਜੂਦ ਸਨ।

ਇਸ ਮੌਕੇ ਡਾ: ਹਰਜੋਤ ਕਮਲ ਨੇ ਦੱਸਿਆ ਕਿ ਪੰਜਾਬ ਸਰਕਾਰ ਸੂਬੇ ਦੇ ਵਸਨੀਕਾਂ ਨੂੰ ਪ੍ਰਦੂਸ਼ਣ ਮੁਕਤ ਵਾਤਾਵਰਣ ਮੁਹੱਈਆ ਕਰਵਾਉਣ ਲਈ ਵਚਨਬੱਧ ਅਤੇ ਕੁਦਰਤੀ ਵਾਤਾਵਰਣ ਦੀ ਰਾਖੀ ਪ੍ਰਤੀ ਸਮਰਪਿਤ ਹੈ। ਉਨ੍ਹਾਂ ਹਾਜ਼ਰ ਅਧਿਕਾਰੀਆਂ ਤੇ ਕ੍ਰਮਚਾਰੀਆਂ ਨੂੰ ਵੱਧ ਤੋ ਵੱਧ ਰੁੱਖ ਲਗਾ ਕੇ ਉਨ੍ਹਾਂ ਦੀ ਸਾਂਭ-ਸੰਭਾਲ ਕਰਨ ਦੀ ਪ੍ਰੇਰਣਾ ਵੀ ਦਿੱਤੀ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਹੰਸ ਨੇ ਦੱਸਿਆ ਕਿ 'ਵਿਸ਼ਵ ਵਾਤਾਵਰਣ ਦਿਵਸ ' ਦੇ ਮੌਕੇ 'ਤੇ ਦਫ਼ਤਰ ਡਿਪਟੀ ਕਮਿਸ਼ਨਰ ਦੀਆਂ ਸਮੂਹ ਸ਼ਾਖਾਵਾਂ ਦੇ ਕ੍ਰਮਚਾਰੀਆਂ ਵੱਲੋਂ ਪੌਦੇ ਲਗਾਏ ਗਏ ਹਨ। ਉਨ੍ਹਾਂ ਕਿਹਾ ਕਿ ਹਰ ਸ਼ਾਖਾ ਦੇ ਕ੍ਰਮਚਾਰੀ ਉਨ੍ਹਾਂ ਵੱਲੋਂ ਲਗਾਏ ਗਏ ਪੌਦਿਆਂ ਦੀ ਸਾਂਭ-ਸੰਭਾਲ ਤੇ ਲੋੜ ਅਨੁਸਾਰ ਪਾਣੀ ਮੁਹੱਈਆ ਕਰਵਾਉਣ ਲਈ ਜ਼ਿੰਮੇਵਾਰ ਹੋਣਗੇ। ਉਨ੍ਹਾਂ ਕ੍ਰਮਚਾਰੀਆਂ ਨੂੰ ਆਪਣੇ ਚੌਗਿਰਦੇ ਦੀ ਸਾਫ਼-ਸਫ਼ਾਈ ਰੱਖਣ ਦੀ ਵੀ ਪ੍ਰੇਰਣਾ ਦਿੱਤੀ। ਉਨ੍ਹਾਂ ਕਿਹਾ ਕਿ ਆਉਣ ਵਾਲੇ ਬਰਸਾਤੀ ਸੀਜ਼ਨ ਦੌਰਾਨ ਜ਼ਿਲ੍ਹੇ ਅੰਦਰ ਵੱਡੀ ਗਿਣਤੀ ਵਿੱਚ ਰੁੱਖ ਲਗਾਏ ਜਾਣਗੇ।

ਬਾਅਦ ਵਿੱਚ ਸਹਾਇਕ ਕਮਿਸ਼ਨਰ (ਜ) ਸ੍ਰੀ ਲਾਲ ਵਿਸਵਾਸ਼ ਬੈਂਸ ਵੱਲੋਂ ਹਾਜ਼ਰ ਅਧਿਕਾਰੀਆਂ/ਕ੍ਰਮਚਾਰੀਆਂ ਨੂੰ ਵਾਤਾਵਰਣ ਦੀ ਸਾਂਭ-ਸੰਭਾਲ ਹਿਤ ਹਰ ਸੰਭਵ ਯਤਨ ਕਰਨ ਲਈ ਪ੍ਰਣ ਦਿਵਾਇਆ ਗਿਆ ਅਤੇ ਹਸਤਾਖਰ ਮੁਹਿੰਮ ਦੀ ਸ਼ੁਰੂਆਤ ਵੀ ਕੀਤੀ ਗਈ। ਇਸ ਰੁੱਖ ਲਗਾਓ ਮੁਹਿੰਮ ਵਿੱਚ ਲਾਇਨਜ਼ ਕਲੱਬ ਮੋਗਾ ਰਾਇਲ ਅਤੇ ਰੋਟਰੀ ਕਲੱਬ ਮੋਗਾ ਰਾਇਲ ਦੇ ਅਹੁਦੇਦਾਰਾਂ ਨਵੀਨ ਸਿੰਗਲਾਂ, ਵਿਕਾਸ ਜ਼ਿੰਦਲ, ਸੰਜੀਵ ਸ਼ਰਮਾ, ਅਸੀਸ਼ ਅਗਰਵਾਲ ਤੇ ਸਿਥਾਰਥ ਮਹਾਜਨ ਆਦਿ ਵੱਲੋਂ ਭਰਪੂਰ ਯੋਗਦਾਨ ਪਾਇਆ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਦਫ਼ਤਰ ਦੀਆਂ ਵੱਖ-ਵੱਖ ਸ਼ਾਖਾਵਾਂ ਦੇ ਅਧਿਕਾਰੀ/ਕ੍ਰਮਚਾਰੀ ਹਾਜ਼ਰ ਸਨ।



